ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਕ ਖਬਰਾਂ ਪੰਜਾਬੀ

18:20

ਮਿਤੀ: 04-11-2026

- -ਕੇਂਦਰੀ ਮੰਤਰੀ ਮੰਡਲ ਨੇ ਚਾਰ ਸਾਲ ਦੀ ਸੇਵਾ ਪੂਰੀ ਕਰਨ ਤੋਂ ਬਾਅਦ, ਸੇਵਾ ਤੋਂ ਬਾਹਰ ਹੋਣ ਵਾਲੇ ਅਗਨੀਵੀਰਾਂ ਲਈ, ਦੋ ਸਾਲ ਦੇ ਵਾਧੇ ਨੂੰ ਮਨਜ਼ੂਰੀ ਦਿੱਤੀ ।
- ਪੰਜਾਬ ਸਰਕਾਰ ਵਲੋਂ, 8 ਲੱਖ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ ਵਿੱਚ, 3 ਫੀਸਦੀ ਵਾਧੇ ਦਾ ਐਲਾਨ ।
- ਪੰਜਾਬ BJP ਨੇ ਅੱਜ ਚੰਡੀਗੜ੍ਹ ਵਿੱਚ "ਜ਼ਖਮ 84 ਦੇ" ਸਿਰਲੇਖ ਨਾਲ ਇੱਕ ਦਿਨਾਂ ਕਾਨਫਰੰਸ ਅਤੇ ਫੋਟੋ ਪ੍ਰਦਰਸ਼ਨੀ ਦਾ ਆਯੋਜਨ ਕੀਤਾ ।
- ਸੀਨੀਅਰ ਕਾਂਗਰਸ ਨੇਤਾ ਰਾਹੁਲ ਗਾਂਧੀ ਅੱਜ ਸੰਗਰੂਰ ਵਿਖੇ ਆਯੋਜਿਤ 'ਇਨਸਾਫ਼ ਰੈਲੀ' ਵਿੱਚ ਸ਼ਾਮਿਲ ਹੋਏ-ਕਿਹਾ ਸਰਕਾਰ ਨੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦਾ ਵਾਅਦਾ ਪੂਰਾ ਨਹੀਂ ਕੀਤਾ ।

- ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਪੰਜਾਬ ਵਿੱਚ ਜਨਤਕ ਫੰਡਾਂ ਦੀ ਦੁਰਵਰਤੋਂ ਦੇ ਸਬੰਧ ਵਿੱਚ ਸੱਤ ਥਾਵਾਂ 'ਤੇ ਛਾਪੇਮਾਰੀ -ਮੋਗਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਦੇ ਘਰ ਵੀ ED ਨੇ ਦਿੱਤੀ ਦਸਤਕ।
- 9ਵੀਂ 'ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ' ਦੇ ਸੈਮੀਫਾਈਨਲ ਵਿੱਚ, ਅੱਜ ਮੋਹਾਲੀ 'ਚ ਭਾਰਤ ਦਾ ਮੁਕਾਬਲਾ ਦੱਖਣੀ ਕੋਰੀਆ ਨਾਲ ਹੋਵੇਗਾ ।

ਕੇਂਦਰੀ ਮੰਤਰੀ ਮੰਡਲ ਨੇ ਚਾਰ ਸਾਲ ਦੀ ਸੇਵਾ ਪੂਰੀ ਕਰਨ ਤੋਂ ਬਾਅਦ ਸੇਵਾ ਤੋਂ ਬਾਹਰ ਹੋਣ ਵਾਲੇ ਅਗਨੀਵੀਰਾਂ ਲਈ, ਦੋ ਸਾਲ ਦੇ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਏ। ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਮੰਤਰੀ ਮੰਡਲ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ, ਚੀਫ਼ ਆਫ਼ ਡਿਫੈਂਸ ਸਟਾਫ਼ ਜਨਰਲ ਐਨ.ਐਸ. ਰਾਜਾ ਸੁਬਰਾਮਣੀ ਨੇ ਕਿਹਾ ਕਿ ਸੇਵਾਮੁਕਤ ਹੋਣ ਵਾਲੇ 75 ਫੀਸਦੀ ਅਗਨੀਵੀਰਾਂ ਨੂੰ ਹੁਣ ਦੋ ਸਾਲ ਦੀ ਵਾਧੂ ਸੇਵਾ ਦਿੱਤੀ ਜਾਵੇਗੀ। ਇਸ ਤੋਂ ਬਾਅਦ, ਹਥਿਆਰਬੰਦ ਸੈਨਾਵਾਂ ਵਿੱਚ ਬਣੇ ਰਹਿਣ ਦੇ ਚਾਹਵਾਨ ਅਗਨੀਵੀਰਾਂ ਨੂੰ ਫੌਜ ਵਿੱਚ ਸ਼ਾਮਲ ਕੀਤਾ ਜਾਵੇਗਾ। BYTE—AGNIVEERS

ਪੰਜਾਬ ਸਰਕਾਰ ਨੇ ਅੱਜ ਆਪਣੇ 8 ਲੱਖ ਕਰਮਚਾਰੀਆਂ ਅਤੇ

ਪੈਨਸ਼ਨਰਾਂ ਦੇ ਮਹਿੰਗਾਈ ਭੱਤੇ ਵਿੱਚ 3 ਫੀਸਦੀ ਵਾਧੇ ਦਾ ਐਲਾਨ ਕੀਤਾ ਏ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਇਹ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਵਧਿਆ ਹੋਇਆ ਡੀ.ਏ. ਦਸੰਬਰ ਦੀ ਤਨਖਾਹ ਨਾਲ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਦੀ ਸਰਕਾਰ ਸਾਲ 2022 ਵਿੱਚ ਸੱਤਾ ਵਿੱਚ ਆਈ ਸੀ, ਤਾਂ ਡੀ.ਏ 28 ਫੀਸਦੀ ਸੀ ਜੋ ਹੁਣ 53 ਫੀਸਦੀ ਹੋ ਗਿਆ ਏ ।
BYTE:RNU041126
ਇਸ ਦੇ ਨਾਲ ਹੀ ਉਨ੍ਹਾਂ ਸਾਰਿਆਂ ਨੂੰ ਮੋਹਾਲੀ ਵਿਖੇ ਚੱਲ ਰਹੀ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਦੇ ਸੈਮੀਫਾਈਨਲ ਅਤੇ ਫਾਈਨਲ ਮੈਚ ਦੇਖਣ ਲਈ ਸੱਦਾ ਦਿੱਤਾ ।

ਭਾਰਤੀ ਜਨਤਾ ਪਾਰਟੀ ਪੰਜਾਬ ਨੇ ਅੱਜ ਚੰਡੀਗੜ੍ਹ ਵਿੱਚ 'ਜ਼ਖਮ 84 ਦੇ' ਸਿਰਲੇਖ ਵਾਲੀ ਇਕ ਦਿਨਾਂ ਕਾਨਫਰੰਸ ਅਤੇ ਫੋਟੋ ਪ੍ਰਦਰਸ਼ਨੀ ਦਾ ਆਯੋਜਨ ਕੀਤਾ। ਪੰਜਾਬ BJP ਪ੍ਰਧਾਨ, ਕੇਵਲ ਸਿੰਘ ਢਿੱਲੋਂ ਅਤੇ BJP ਪੰਜਾਬ ਦੇ ਇੰਚਾਰਜ, ਡਾ. ਸਤੀਸ਼ ਪੂਨੀਆ ਨੇ ਇਸਦਾ ਉਦਘਾਟਨ ਕੀਤਾ । ਇਸ ਪ੍ਰਦਰਸ਼ਨੀ ਵਿੱਚ 42 ਸਾਲ ਪਹਿਲਾਂ ਹੋਏ ਕਤਲੇਆਮ ਦੀਆਂ ਘਟਨਾਵਾਂ, ਸਬੂਤ ਅਤੇ ਮਨੁੱਖੀ ਤਕਲੀਫ ਨੂੰ ਵਿਖਾਇਆ ਗਿਆ। ਇਸ ਕਾਨਫਰੰਸ ਨੇ ਨਿਆਂ ਅਤੇ ਪ੍ਰਭਾਵਿਤ ਪਰਿਵਾਰਾਂ ਦੇ ਮੁੜਵਸੇਬੇ

ਲਈ ਚਾਰ ਦਹਾਕਿਆਂ ਦੀ ਕਾਨੂੰਨੀ ਲੜਾਈ 'ਤੇ ਚਰਚਾ ਕਰਨ ਲਈ ਬਚੇ ਹੋਏ ਲੋਕਾਂ, ਚਸ਼ਮਦੀਦਾਂ, ਕਾਨੂੰਨੀ ਮਾਹਰਾਂ, ਸਾਬਕਾ ਜੱਜਾਂ ਅਤੇ ਭਾਈਚਾਰਕ ਨੁਮਾਇੰਦਿਆਂ ਨੂੰ ਇਕੱਠਿਆਂ ਕੀਤਾ। ਕਤਲੇਆਮ ਦੇ ਬਚੇ ਹੋਏ ਲੋਕਾਂ ਅਤੇ ਚਸ਼ਮਦੀਦਾਂ ਤੋਂ ਇਲਾਵਾ, ਸੰਬੋਧਨ ਕਰਨ ਵਾਲਿਆਂ ਵਿੱਚ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ, ਰਵੀ ਸ਼ੰਕਰ ਪ੍ਰਸਾਦ ਸ਼ਾਮਲ ਰਹੇ , ਜਿਨ੍ਹਾਂ ਨੇ ਸੁਪਰੀਮ ਕੋਰਟ ਵਿੱਚ 1984 ਦੇ ਕਤਲੇਆਮ ਨਾਲ ਸਬੰਧਤ ਕੇਸ ਲੜੇ ਸਨ। BYTE

ਇਸ ਮੌਕੇ ਉਨ੍ਹਾਂ ਕਿਹਾ

ਪੰਜਾਬ ਵਿੱਚ ਆਪਣੇ ਪੰਜ ਪਰਿਵਾਰਕ ਮੈਂਬਰਾਂ ਨੂੰ ਗੁਆਉਣ ਵਾਲੇ ਸੰਸਦ ਮੈਂਬਰ, ਵਿਕਰਮਜੀਤ ਸਿੰਘ ਸਾਹਨੀ, ਕਤਲੇਆਮ ਲਈ ਜ਼ਿੰਮੇਵਾਰ ਲੋਕਾਂ ਨੂੰ ਇਨਸਾਫ਼ ਅਤੇ ਸਜ਼ਾ ਯਕੀਨੀ ਬਣਾਉਣ ਲਈ 42 ਸਾਲ ਲੰਬੀ ਕਾਨੂੰਨੀ ਲੜਾਈ ਲੜਨ ਵਾਲੇ ਐਡਵੋਕੇਟ H.S. ਫੂਲਕਾ ਅਤੇ ਜਸਟਿਸ ਐਸ.ਐਨ. ਢੀਂਗਰਾ, ਜਿਨ੍ਹਾਂ ਨੇ 1984 ਦੇ ਕਤਲੇਆਮ ਨਾਲ ਸਬੰਧਤ ਬੰਦ ਮਾਮਲਿਆਂ ਦੀ ਮੁੜ ਜਾਂਚ ਲਈ ਸੁਪਰੀਮ ਕੋਰਟ ਵਲੋਂ ਗਠਿਤ ਵਿਸ਼ੇਸ਼ ਜਾਂਚ ਟੀਮ-SIT ਦੀ ਅਗਵਾਈ ਕੀਤੀ ਸੀ ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਸੀਨੀਅਰ ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਅੱਜ ਸੰਗਰੂਰ ਵਿਖੇ ਪਾਰਟੀ ਵੱਲੋਂ ਆਯੋਜਿਤ

'ਇਨਸਾਫ਼ ਰੈਲੀ' ਵਿੱਚ ਹਿੱਸਾ ਲਿਆ। ਇਹ ਰੈਲੀ ਪੰਜਾਬ ਦੇ ਨੌਜਵਾਨਾਂ ਨੂੰ ਇਨਸਾਫ਼ ਦਿਵਾਉਣ ਅਤੇ ਨਸ਼ਿਆਂ ਦੀ ਤਸਕਰੀ ਖਿਲਾਫ ਆਵਾਜ਼ ਬੁਲੰਦ ਕਰਨ ਲਈ ਆਯੋਜਿਤ ਕੀਤੀ ਗਈ ਸੀ। ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਮਲਿਕਾਰਜੁਨ ਖੜਗੇ ਸਮੇਤ ਦਿੱਲੀ ਤੋਂ ਕਾਂਗਰਸ ਲੀਡਰਸ਼ਿਪ ਅਤੇ ਪੰਜਾਬ ਕਾਂਗਰਸ ਪ੍ਰਧਾਨ ਪ੍ਰਗਟ ਸਿੰਘ ਸਮੇਤ ਪੰਜਾਬ ਤੋਂ ਕਾਂਗਰਸ ਲੀਡਰਸ਼ਿਪ ਨੇ ਰੈਲੀ ਵਿੱਚ ਸ਼ਿਰਕਤ ਕੀਤੀ। ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਗਾਂਧੀ ਨੇ ਕਿਹਾ ਕਿ ਪੰਜਾਬ ਨਸ਼ਿਆਂ ਦੀ ਮੁੱਖ ਸਮੱਸਿਆ ਦਾ ਸਾਹਮਣਾ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦਾ ਵਾਅਦਾ ਕੀਤਾ ਸੀ ਪਰ ਅਜਿਹਾ ਨਹੀਂ ਕਰ ਸਕੀ । BYTE:RNU041126
ਸ਼੍ਰੀ ਖੜਗੇ ਨੇ ਕਈ ਹੋਰ ਕਾਂਗਰਸੀ ਆਗੂਆਂ ਤੋਂ ਇਲਾਵਾ ਰੈਲੀ ਨੂੰ ਵੀ ਸੰਬੋਧਨ ਕੀਤਾ।

ਇਨਫੋਰਸਮੈਂਟ ਡਾਇਰੈਕਟੋਰੇਟ-ED ਪੰਜਾਬ ਵਿੱਚ ਸੱਤ ਥਾਵਾਂ 'ਤੇ ਛਾਪੇਮਾਰੀ ਕਰ ਰਹੀ ਏ । ED ਨੇ ਅੱਜ ਸਵੇਰੇ ਮੋਗਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਅਤੇ ਪਾਰਟੀ ਦੀ ਪੰਜਾਬ ਮਹਿਲਾ ਵਿੰਗ ਦੀ ਪ੍ਰਧਾਨ ਡਾ. ਅਮਨਦੀਪ ਕੌਰ ਅਰੋੜਾ ਦੇ ਦੋ ਘਰਾਂ 'ਤੇ ਛਾਪੇਮਾਰੀ ਕੀਤੀ ਏ । ਸੁਰੱਖਿਆ ਕਰਮਚਾਰੀਆਂ ਨੇ ਇਲਾਕਿਆਂ ਨੂੰ ਘੇਰ ਲਿਆ ਏ ।

ਇਹ ਛਾਪੇ ਸਰਕਾਰੀ ਅਤੇ ਸੰਸਥਾਗਤ ਜਾਇਦਾਦਾਂ ਦੀ ਕਥਿਤ ਧੋਖਾਧੜੀ ਨਾਲ ਪ੍ਰਾਪਤੀ ਅਤੇ ਜਨਤਕ ਫੰਡਾਂ ਦੀ ਦੁਰਵਰਤੋਂ ਦੇ ਸਬੰਧ ਵਿੱਚ ਮਾਰੇ ਜਾ ਰਹੇ ਹਨ। ਇਹ ਛਾਪੇ ਵਿਧਾਇਕ ਦੇ ਪਤੀ, ਡਾ. ਰਾਕੇਸ਼ ਅਰੋੜਾ, ਪਰਿਵਾਰਕ ਮੈਂਬਰਾਂ ਅਤੇ ਸਹਿਯੋਗੀਆਂ ਨਾਲ ਜੁੜੇ ਟਿਕਾਣਿਆਂ ਦੇ ਨਾਲ-ਨਾਲ ਡਾ. ਰਾਕੇਸ਼ ਅਰੋੜਾ ਨਾਲ ਜੁੜੇ ਇੱਕ ਨਸ਼ਾ ਛੁਡਾਊ ਹਸਪਤਾਲ 'ਤੇ ਮਾਰੇ ਜਾ ਰਹੇ ਨੇ । ਇਹ ਜਾਂਚ ਮੋਗਾ ਜ਼ਿਲ੍ਹੇ ਵਿੱਚ ਰਾਸ਼ਟਰੀ ਰਾਜ-ਮਾਰਗ 754-ਏ ਲਈ ਐਕੁਆਇਰ ਕੀਤੀ ਗਈ ਸਰਕਾਰੀ ਜ਼ਮੀਨ ਲਈ ਮੁਆਵਜ਼ੇ ਦੀ ਕਥਿਤ ਦੁਰਵਰਤੋਂ ਨਾਲ ਸਬੰਧਤ ਏ । ਡਾਇਰੈਕਟੋਰੇਟ ਨੇ 16 ਜੂਨ, 2024 ਨੂੰ ਦਰਜ ਪੰਜਾਬ ਪੁਲਿਸ ਦੀ ਐਫ.ਆਈ.ਆਰ ਦੇ ਆਧਾਰ 'ਤੇ ਮਾਮਲਾ ਦਰਜ ਕੀਤਾ ਸੀ ।

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਸਕੱਤਰੇਤ ਵਿਖੇ ਹੋਈ ਇੱਕ ਮੀਟਿੰਗ ਵਿੱਚ ਜਨ ਸੁਨਵਾਈ ਅਤੇ ਸਮਾਧਾਨ ਸ਼ਿਵਿਰ ਪਹਿਲਕਦਮੀ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਜਵਾਬਦੇਹ ਸ਼ਾਸਨ ਲਈ ਨਾਗਰਿਕਾਂ ਅਤੇ ਪ੍ਰਸ਼ਾਸਨ ਵਿਚਕਾਰ ਸਿੱਧੀ ਗੱਲਬਾਤ ਜ਼ਰੂਰੀ ਏ । ਜਨ ਸੁਨਵਾਈ ਅਤੇ ਸਮਾਧਾਨ ਸ਼ਿਵਿਰਾਂ ਨੂੰ ਸਾਰਥਕ ਪਹਿਲਕਦਮੀਆਂ ਦੱਸਦਿਆਂ, ਉਨ੍ਹਾਂ ਕਿਹਾ ਕਿ ਇਹ ਮੰਚ ਅਧਿਕਾਰੀਆਂ ਨੂੰ ਲੋਕਾਂ ਦੀ ਗੱਲ ਸੁਣਨ, ਉਨ੍ਹਾਂ

ਦੀਆਂ ਚਿੰਤਾਵਾਂ ਨੂੰ ਸਮਝਣ ਅਤੇ ਸ਼ਿਕਾਇਤ ਦੇ ਹਲ ਦੀ ਸਹੂਲਤ ਦੇਣ ਦੇ ਯੋਗ ਬਣਾਉਂਦੇ ਹਨ।

9ਵੀਂ 'ਹੀਰੋ ਏਸ਼ੀਅਨ ਹਾਕੀ ਚੈਂਪੀਅਨਸ਼ਿਪ' ਦੇ ਸੈਮੀ-ਫਾਈਨਲ ਵਿੱਚ ਅੱਜ ਭਾਰਤ ਦਾ ਮੁਕਾਬਲਾ ਦੱਖਣੀ ਕੋਰੀਆ ਨਾਲ ਹੋਵੇਗਾ। ਇਹ ਮੈਚ ਹੁਣ ਤੋਂ ਥੋੜ੍ਹੀ ਦੇਰ ਬਾਅਦ ਸ਼ਾਮ 7 ਵਜੇ, ਮੋਹਾਲੀ ਸਥਿਤ ਪੰਜਾਬ ਦੇ ਮੋਹਾਲੀ ਸਥਿਤ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਅੰਤਰ-ਰਾਸ਼ਟੀਰੀ ਹਾਕੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਭਾਰਤੀ ਟੀਮ ਨੇ ਹੁਣ ਤੱਕ ਟੂਰਨਾਮੈਂਟ ਵਿੱਚ ਇੱਕ ਵੀ ਮੈਚ ਨਹੀਂ ਹਾਰਿਆ। ਜਲੰਧਰ 'ਚ ਖੇਡੇ ਗਏ ਲੀਗ ਗੇੜ ਦੇ ਮੁਕਾਬਲਿਆਂ ਵਿੱਚ, ਭਾਰਤ ਆਪਣੇ ਸਾਰੇ 5 ਮੈਚ ਜਿੱਤ ਕੇ ਸਿਖਰ 'ਤੇ ਰਿਹਾ। ਇਸ ਤੋਂ ਬਾਅਦ ਜਾਪਾਨ ਦੂਜੇ, ਮਲੇਸ਼ੀਆ ਤੀਜੇ, ਦੱਖਣੀ ਕੋਰੀਆ ਚੌਥੇ, ਚੀਨ ਪੰਜਵੇਂ ਅਤੇ ਬੰਗਲਾਦੇਸ਼ ਆਖਰੀ ਸਥਾਨ 'ਤੇ ਰਿਹਾ। ਅੱਜ, 5ਵੇਂ ਅਤੇ 6ਵੇਂ ਸਥਾਨ ਲਈ ਖੇਡੇ ਗਏ ਪਹਿਲੇ ਮੈਚ ਵਿੱਚ, ਚੀਨ ਨੇ ਬੰਗਲਾਦੇਸ਼ ਨੂੰ 3-1 ਨਾਲ ਹਰਾਇਆ। ਸਾਡੇ ਪੱਤਰਕਾਰ ਨੇ ਦਸਿਆ ਕਿ ਪਹਿਲੇ ਸੈਮੀ-ਫਾਈਨਲ ਵਿੱਚ, ਜਾਪਾਨ ਤੇ ਮਲੇਸ਼ੀਆ ਨੂੰ ਪੈਨਲਟੀ ਸ਼ੂਟ ਆਊਟ ਵਿੱਚ 5 - 3 ਨਾਲ ਹਰਾ ਦਿੱਤਾ ਏ | ਹੁਣ, ਸਾਰੇ ਭਾਰਤ ਅਤੇ ਦੱਖਣੀ ਕੋਰੀਆ ਵਿਚਕਾਰ ਮੁਕਾਬਲੇ ਦੀ ਉਡੀਕ ਕਰ ਰਹੇ ਨੇ ਜੋ ਥੋੜ੍ਹੀ ਦੇਰ ਵਿੱਚ ਸ਼ੁਰੂ ਹੋਵੇਗਾ।

ਜਿਹੜੀਆਂ ਟੀਮਾਂ ਸੈਮੀ-ਫਾਈਨਲ ਜਿੱਤਣਗੀਆਂ ਉਹ ਕੱਲ੍ਹ ਸ਼ਾਮ ਸਾਢੇ 4 ਵਜੇ ਅਤੇ ਸ਼ਾਮ 7 ਵਜੇ ਕਾਂਸੀ ਦੇ ਤਮਗੇ ਅਤੇ ਫਾਈਨਲ ਲਈ

ਕ੍ਰਿਕੇਟ ਵਿੱਚ, ਭਾਰਤ ਨੇ ਆਕਲੈਂਡ ਵਿੱਚ ਮੀਂਹ ਨਾਲ ਪ੍ਰਭਾਵਿਤ ਪਹਿਲੇ ਇੱਕ-ਰੋਜ਼ਾ ਕੌਮਾਂਤਰੀ ਮੈਚ ਵਿੱਚ ਮੇਜ਼ਬਾਨ ਨਿਊਜ਼ੀਲੈਂਡ ਨੂੰ ਪੰਜ ਵਿਕਟਾਂ ਨਾਲ ਹਰਾ ਕੇ, ਪੰਜ ਮੈਚਾਂ ਦੀ ਲੜੀ ਵਿੱਚ 1-0 ਦੀ ਲੀਡ ਬਣਾ ਲਈ ਏ। ਪਹਿਲਾਂ ਬੱਲੇਬਾਜ਼ੀ ਕਰਦਿਆਂ, ਨਿਊਜ਼ੀਲੈਂਡ ਦੀ ਟੀਮ 40.2 ਓਵਰਾਂ ਵਿੱਚ, 185 ਦੌੜਾਂ ਬਣਾ ਕੇ ਆਊਟ ਹੋ ਗਈ। ਭਾਰਤ ਲਈ, ਅਰਸ਼ਦੀਪ ਸਿੰਘ ਨੇ ਚਾਰ, ਗੁਰਨੂਰ ਬਰਾੜ ਨੇ ਤਿੰਨ, ਜਦਕਿ ਅੰਸ਼ੁਲ ਕੰਬੋਜ ਨੇ ਦੋ ਵਿਕਟਾਂ ਹਾਸਿਲ ਕੀਤੀਆਂ। ਮੀਂਹ ਕਾਰਨ ਆਈ ਰੁਕਾਵਟ ਦੇ ਚਲਦਿਆਂ 'ਡਕਵਰਥ-ਲੁਈਸ-ਸਟਰਨ' ਵਿਧੀ ਤਹਿਤ, ਭਾਰਤ ਲਈ 32 ਓਵਰਾਂ ਵਿੱਚ 143 ਦੌੜਾਂ ਦਾ ਸੋਧਿਆ ਹੋਇਆ ਟੀਚਾ ਤੈਅ ਕੀਤਾ ਗਿਆ। ਭਾਰਤ ਨੇ ਬਹੁਤ ਆਸਾਨੀ ਨਾਲ ਸਿਰਫ਼ 22.4 ਓਵਰਾਂ ਵਿੱਚ ਹੀ ਟੀਚਾ ਹਾਸਲ ਕਰ ਲਿਆ। ਵਿਰਾਟ ਕੋਹਲੀ ਨੇ 51 ਗੇਂਦਾਂ 'ਚ 74 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ, ਜਦਕਿ ਸ਼ੁਭਮਨ ਗਿੱਲ ਨੇ 37 ਦੌੜਾਂ ਅਤੇ ਸ਼੍ਰੇਅਸ ਅਈਅਰ ਨੇ 15 ਦੌੜਾਂ ਦਾ ਯੋਗਦਾਨ ਪਾਇਆ। ਕੋਹਲੀ ਨੇ ਇੱਕ ਰੋਜ਼ਾ ਮੈਚਾਂ ਵਿੱਚ, ਸਭ ਤੋਂ ਵੱਧ ਦੌੜਾਂ ਬਣਾਉਣ ਦੇ ਮਾਮਲੇ ਵਿੱਚ, ਮਹਾਨ ਕ੍ਰਿਕਟਰ ਸਚਿਨ ਤੇਂਦੁਲਕਰ ਨੂੰ ਵੀ ਪਿੱਛੇ ਛੱਡ ਦਿੱਤਾ ਏ। ਉਨ੍ਹਾਂ ਦੀ ਅੱਜ ਦੀ ਸ਼ਾਨਦਾਰ

ਪਾਰੀ ਨਾਲ, ਉਨ੍ਹਾਂ ਦੀਆਂ ਕੁੱਲ ਦੌੜਾਂ 8 ਹਜ਼ਾਰ 741 ਹੋ ਗਈਆਂ ਨੇ, ਜੋ ਤੇਂਦੁਲਕਰ ਦੀਆਂ 8 ਹਜ਼ਾਰ 720 ਦੌੜਾਂ ਤੋਂ ਵੱਧ ਨੇ।

- -ਕੇਂਦਰੀ ਮੰਤਰੀ ਮੰਡਲ ਨੇ ਚਾਰ ਸਾਲ ਦੀ ਸੇਵਾ ਪੂਰੀ ਕਰਨ ਤੋਂ ਬਾਅਦ, ਸੇਵਾ ਤੋਂ ਬਾਹਰ ਹੋਣ ਵਾਲੇ ਅਗਨੀਵੀਰਾਂ ਲਈ, ਦੋ ਸਾਲ ਦੇ ਵਾਧੇ ਨੂੰ ਮਨਜ਼ੂਰੀ ਦਿੱਤੀ ।
- ਪੰਜਾਬ ਸਰਕਾਰ ਵਲੋਂ, 8 ਲੱਖ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ ਵਿੱਚ, 3 ਫੀਸਦੀ ਵਾਧੇ ਦਾ ਐਲਾਨ ।
- ਪੰਜਾਬ BJP ਨੇ ਅੱਜ ਚੰਡੀਗੜ੍ਹ ਵਿੱਚ "ਜ਼ਖਮ 84 ਦੇ" ਸਿਰਲੇਖ ਨਾਲ ਇੱਕ ਦਿਨਾਂ ਕਾਨਫਰੰਸ ਅਤੇ ਫੋਟੋ ਪ੍ਰਦਰਸ਼ਨੀ ਦਾ ਆਯੋਜਨ ਕੀਤਾ ।
- ਸੀਨੀਅਰ ਕਾਂਗਰਸ ਨੇਤਾ ਰਾਹੁਲ ਗਾਂਧੀ ਅੱਜ ਸੰਗਰੂਰ ਵਿਖੇ ਆਯੋਜਿਤ 'ਇਨਸਾਫ਼ ਰੈਲੀ' ਵਿੱਚ ਸ਼ਾਮਿਲ ਹੋਏ-ਕਿਹਾ ਸਰਕਾਰ ਨੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦਾ ਵਾਅਦਾ ਪੂਰਾ ਨਹੀਂ ਕੀਤਾ ।
- ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਪੰਜਾਬ ਵਿੱਚ ਜਨਤਕ ਫੰਡਾਂ ਦੀ ਦੁਰਵਰਤੋਂ ਦੇ ਸਬੰਧ ਵਿੱਚ ਸੱਤ ਥਾਵਾਂ 'ਤੇ ਛਾਪੇਮਾਰੀ -ਮੋਗਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਦੇ ਘਰ ਵੀ ED ਨੇ ਦਿੱਤੀ ਦਸਤਕ । ਅਤੇ

- 9ਵੀਂ 'ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ' ਦੇ ਸੈਮੀਫਾਈਨਲ ਵਿੱਚ, ਅੱਜ ਮੋਹਾਲੀ 'ਚ ਭਾਰਤ ਦਾ ਮੁਕਾਬਲਾ ਦੱਖਣੀ ਕੋਰੀਆ ਨਾਲ ਹੋਵੇਗਾ ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30 ਵਜੇ

ਨਮਸਕਾਰ